ਪੁਲਿਸ ਵਿਭਾਗ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਬੋਲੀ ਰਾਹੀਂ ਕੀਤੇ ਗਏ 49 ਵਹੀਕਲ ਨੀਲਾਮ

ਨਿਲਾਮੀ ਦੀ ਰਕਮ ਕਰੀਬ 4,56,070 ਰੁਪਏ ਹੋਵੇਗੀ ਸਰਕਾਰੀ ਖਜਾਨੇ ਵਿੱਚ ਜਮਾ



ਸ਼੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ਼੍ਰੀ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ਼੍ਰੀ ਗੌਰਵ ਯਾਦਵ IPS ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਸ਼੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ਼੍ਰੀ ਮੁਕਤਸਰ ਸਾਹਿਬ ਵੱਲੋਂ ਜਿੱਥੇ ਨਸ਼ਿਆਂ ਦੇ ਖਾਤਮੇ, ਜੇਰ ਤਫਤੀਸ ਮੁਕੱਦਮਿਆਂ ਦੇ ਨਿਪਟਾਰੇ, ਦਰਖਾਸਤਾਂ ਦੇ ਨਿਪਟਾਰੇ, ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਦਿਨ ਪ੍ਰਤੀ ਦਿਨ ਨਵੇਂ ਕਦਮ ਚੁੱਕੇ ਜਾ ਰਹੇ ਹਨ, ਉਥੇ ਹੀ ਲੋਕਾਂ ਦੀ ਸੁਰੱਖਿਆ ਦੇ ਲਈ ਜਿਲਾਂ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਇਸ ਦੇ ਨਾਲ ਹੀ ਅੱਜ ਪੁਲਿਸ ਵਿਭਾਗ ਵੱਲੋਂ ਵੱਖ-ਵੱਖ ਮੁਕੱਦਮਿਆਂ ਵਿਚ ਥਾਣਿਆਂ ਵਿਚ ਖੜੇ ਵਹੀਕਲਾਂ ਦੀ ਖੁੱਲ੍ਹੀ ਬੋਲੀ ਕਰਵਾ ਕੇ, 49 ਵਹੀਕਲ ਨੀਲਾਮ ਕੀਤੇ ਗਏ। ਇਸ ਮੌਕੇ ਸ਼੍ਰੀ ਮਨਮੀਤ ਸਿੰਘ ਢਿੱਲੋ ਐਸ ਪੀ(ਡੀ) ਸ਼੍ਰੀ ਇਸ਼ਾਂਨ ਸਿੰਗਲਾ ਡੀ.ਐਸ.ਪੀ (ਐਨ.ਡੀ.ਪੀ.ਐਸ ਅਤੇ ਨਾਰਕੋਟਿਕ ) ਅਤੇ ਵੱਖ ਵੱਖ ਜਿਲ੍ਹਿਆਂ ਤੋਂ ਆਏ ਬੋਲੀਕਾਰ ਹਾਜ਼ਰ ਸਨ।